www.a2zpapers.com

Roll No. ..................

002/B

Total No. of Questions : 9]

[Total No. of Printed Pages : 3

**SS**

**2036**

ਸਲਾਨਾ ਪਰੀਖਿਆ ਪ੍ਰਣਾਲੀ

**GENERAL PANJABI**

**(Common for All Groups and Voc. Stream)**

**(Evening Session)**

Time allowed : Three hours

Maximum marks : 50

ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ **002/B** ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

(iii) ਉੱਤਰ-ਪੱਤਰੀ ਵਿੱਚ, ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(iv) **ਸਾਰੇ ਪ੍ਰਸ਼ਨ ਜ਼ਰੂਰੀ ਹਨ ।**

(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

**1.** ਸਾਰੇ ਪ੍ਰਸ਼ਨ ਜ਼ਰੂਰੀ ਹਨ । ਹਰੇਕ ਪ੍ਰਸ਼ਨ ½ ਅੰਕ ਦਾ ਹੈ ।

(ੳ) ਡਾ. ਐੱਸ. ਐੱਸ. ਵਣਜਾਰਾ ਬੇਦੀ ਦਾ ਕਿਹੜਾ ਲੇਖ 'ਲਾਜ਼ਮੀ ਪੰਜਾਬੀ' ਪਾਠ-ਪੁਸਤਕ ਵਿੱਚ ਸ਼ਾਮਲ ਕੀਤਾ ਗਿਆ ਹੈ ?

(ਅ) 'ਪੰਜਾਬ ਦੀਆਂ ਨਕਲਾਂ' ਪਾਠ ਦਾ ਲੇਖਕ ਕੌਣ ਹੈ ?

(ੲ) ਦੱਸੋ ਇਹ ਕਥਨ ਠੀਕ ਹੈ ਕਿ ਗਲਤ :

'ਪੰਜਾਬ ਦੇ ਬਹੁਤੇ ਮੇਲੇ ਮੌਸਮਾਂ, ਰੁੱਤਾਂ ਤੇ ਤਿਉਹਾਰਾਂ ਨਾਲ਼ ਸੰਬੰਧਿਤ ਹਨ ।'

(ਸ) ਮਨੁੱਖ ਦੇ ਸਰਵ-ਪੱਖੀ ਵਿਕਾਸ ਦਾ ਸਰੋਤ ਕਿਹੜੀ ਚੀਜ਼ ਹੈ ?

(i) ਦਵਾਈਆਂ (ii) ਰੋਟੀ (iii) ਖੇਡ (iv) ਹੱਸਣਾ-ਰੋਣਾ ।

(ਹ) ਖ਼ਾਲੀ ਸਥਾਨ ਭਰੋ :

ਪੰਜਾਬ ਹਿੰਦੁਸਤਾਨ ਦਾ ਸਰਹੱਦੀ ਸੂਬਾ ਹੋਣ ਕਰਕੇ ਇੱਥੋਂ ਦੇ ਬਾਸ਼ਿੰਦੇ ਸੂਰਮਿਆਂ ਅਤੇ ____ ਦੀ ਕੌਮ ਹਨ ।

(ਕ) ਨਕਲਾਂ ਕਰਨ ਵਾਲ਼ੇ ਕਲਾਕਾਰ ਨੂੰ ਕੀ ਕਿਹਾ ਜਾਂਦਾ ਹੈ ?

(ਖ) 'ਵਾਰਸ ਸ਼ਾਹ' ਕਿਸ ਕਵੀ ਦੀ ਰਚਨਾ ਹੈ ?

(ਗ) ਗੱਡੀ ਵਿੱਚ ਅੰਨ੍ਹਾ ਮੰਗਤਾ ਕਿਸ ਬਾਰੇ ਗੀਤ ਗਾ ਰਿਹਾ ਸੀ ?

(ਘ) ਅਖਾਉਤ ਪੂਰੀ ਕਰੋ :

ਆਪਣੇ ਹੱਥੀ ਆਪਣਾ ....... ।

[Turn over



www.a2zpapers.com

www.a2zpapers.com



(ਙ) ਅਖਾਉਤ ਪੂਰੀ ਕਰੋ :

.........ਖੂਹ ਵੀ ਨਿਖੁੱਟ ਜਾਂਦੇ ਹਨ । 10×½=5

2. ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਪੰਜਾਬੀ ਸੱਭਿਆਚਾਰ ਦੇ ਮੁੱਖ ਲੱਛਣ ਕੀ ਹਨ ?

(ਅ) ਪੰਜਾਬ ਦੇ ਮੁੱਖ ਮੌਸਮੀ ਮੇਲੇ ਕਿਹੜੇ-ਕਿਹੜੇ ਹਨ ? ਇਹਨਾਂ ਵਿੱਚੋਂ ਕਿਸੇ ਇੱਕ ਮੇਲੇ ਬਾਰੇ ਸੰਖੇਪ ਨੋਟ ਲਿਖੋ ।

(ੲ) ਰਸਮ-ਰਿਵਾਜਾਂ ਦੇ ਪੈਦਾ ਹੋਣ ਦੇ ਕੀ ਕਾਰਨ ਦੱਸੇ ਗਏ ਹਨ ?

(ਸ) ਪੁਰਾਤਨ ਸਮੇਂ ਵਿੱਚ ਪਿੰਡ ਵਾਸੀ ਆਪਣੇ ਪਿੰਡ ਦੇ ਲੋਕ-ਖਿਡਾਰੀਆਂ ਅਤੇ ਪਹਿਲਵਾਨਾਂ ਨੂੰ ਕਿਵੇਂ ਨਿਵਾਜਦੇ ਸਨ ?

(ਹ) ਫੁਲਕਾਰੀ ਦੀ ਕਢਾਈ ਦੇ ਹੁਨਰ ਨੂੰ ਲੋਕ-ਕਲਾ ਦਾ ਸਿਖਰ ਕਿਉਂ ਮੰਨਿਆ ਜਾਂਦਾ ਹੈ ?

(ਕ) ਪੰਜਾਬ ਦੇ ਲੋਕ-ਨਾਚਾਂ ਦੀ ਪਰੰਪਰਾ ਜਾਂ ਪ੍ਰਾਚੀਨਤਾ ਦਾ ਕਿਵੇਂ ਪਤਾ ਲੱਗਦਾ ਹੈ ?

(ਖ) ਪੇਸ਼ਕਾਰੀ ਦੇ ਪੱਖੋਂ ਨਕਲਾਂ ਦੀਆਂ ਕਿਹੜੀਆਂ-ਕਿਹੜੀਆਂ ਕਿਸਮਾਂ ਹਨ ?

(ਗ) ਸਾਨੂੰ ਆਪਣੇ ਪੰਜਾਬੀ ਸੱਭਿਆਚਾਰ ਦੇ ਰਵਾਇਤੀ ਖਾਣੇ ਨੂੰ ਕਿਉਂ ਤਰਜੀਹ ਦੇਣੀ ਚਾਹੀਦੀ ਹੈ? 5×3=15

3. ਪੰਜਾਬ ਖੇਤੀ-ਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਆਯੋਜਿਤ ਹੋਣ ਵਾਲ਼ੇ ਕਿਸੇ ਕਿਸਾਨ-ਮੇਲੇ ਵਿੱਚ ਆਪਣੀ ਸਟਾਲ ਲਾਉਣ ਲਈ ਮੇਲਾ-ਪ੍ਰਬੰਧਕਾਂ ਨੂੰ ਪੱਤਰ ਲਿਖੋ ।

ਜਾਂ

ਤੁਹਾਡੇ ਸਕੂਲ ਵਿੱਚ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਯੂਨੀਫ਼ਾਰਮ ਖ਼ਰੀਦਣ ਲਈ ਗ੍ਰਾਂਟ ਆਈ ਹੈ । ਵੇਰਵੇ ਦੱਸਦੇ ਹੋਏ ਕਿਸੇ ਫ਼ਰਮ ਤੋਂ ਕੁਟੇਸ਼ਨਾਂ ਦੀ ਮੰਗ ਕਰੋ । 1+3+1=5

4. ਹੇਠ ਲਿਖੇ ਪੈਰੇ ਦੀ ਸੰਖੇਪ-ਰਚਨਾ ਕਰੋ ਅਤੇ ਢੁਕਵਾਂ ਸਿਰਲੇਖ ਵੀ ਲਿਖੋ :

ਅੰਗਰੇਜ਼ੀ ਦੇ ਇੱਕ ਲਿਖਾਰੀ ਨੇ ਕਿਹਾ ਹੈ ਕਿ ਰਾਤ ਨੂੰ ਛੇਤੀ ਸੌਂ ਜਾਣ ਨਾਲ਼ ਅਤੇ ਸਵੇਰੇ ਤੜਕੇ ਉੱਠਣ ਨਾਲ਼ ਸਿਹਤ, ਧਨ ਅਤੇ ਬੁੱਧੀ ਤਿੰਨੇ ਪ੍ਰਾਪਤ ਹੁੰਦੇ ਹਨ । ਸਵੇਰੇ ਤੜਕੇ ਉਠਣ ਨਾਲ਼ ਬੰਦੇ ਨੇ ਆਪਣਾ ਬਹੁਤ ਸਾਰਾ ਕੰਮ ਮੁਕਾ ਲਿਆ ਹੁੰਦਾ ਹੈ, ਜਿਸ ਵੇਲ਼ੇ ਕਿ ਦਲਿੱਦਰੀ ਹਾਲੇ ਬਿਸਤਰੇ ਵਿੱਚ ਘੁਰਾੜੇ ਮਾਰ ਰਹੇ ਹੁੰਦੇ ਹਨ । ਸਵੇਰੇ ਤੜਕੇ ਉੱਠਣ ਵਾਲ਼ਾ ਬਾਹਰ ਸੈਰ ਨੂੰ ਜਾ ਸਕਦਾ ਹੈ, ਕਸਰਤ ਕਰ ਸਕਦਾ ਹੈ, ਜਿਸ ਨਾਲ਼ ਉਹ ਸਾਰਾ ਦਿਨ ਖ਼ੁਸ਼ ਰਹਿੰਦਾ ਹੈ ਅਤੇ ਬਿਨਾਂ ਥਕੇਵੇਂ ਦੇ ਕੰਮ ਕਰ ਸਕਦਾ ਹੈ । ਉਸ ਨੂੰ ਕਿਸੇ ਕੰਮ ਵਿੱਚ ਕਾਹਲ਼ ਕਰਨ ਦੀ ਲੋੜ ਨਹੀਂ ਹੁੰਦੀ । ਕੰਮ ਉਹਦੇ ਉੱਤੇ ਸਵਾਰ ਨਹੀਂ ਹੁੰਦਾ, ਉਹ ਕੰਮ ਉੱਤੇ ਸਵਾਰ ਹੁੰਦਾ ਹੈ । ਉਹ ਬਿਨਾਂ ਘਬਰਾਹਟ, ਹਫ਼ੜਾ-ਦਫ਼ੜੀ ਦੇ ਆਪਣੀ ਕੁਦਰਤੀ ਚਾਲ ਨਾਲ਼ ਚੱਲਦਾ ਹੈ । ਉਹ ਕੰਮ ਵੀ ਖਰਾ ਕਰੇਗਾ ਅਤੇ ਅਰਾਮ ਕਰਨ ਲਈ ਵੀ ਕਾਫ਼ੀ ਸਮਾਂ ਬਚਾ ਲਵੇਗਾ । ਜਿਹੜੀ ਸੁਆਣੀ ਸੂਰਜ ਦੇਵਤਾ ਨਾਲ਼ ਜ਼ਿੱਦ ਲਾ ਕੇ ਸੁੱਤੀ ਰਹਿੰਦੀ ਹੈ ਕਿ ਤੂੰ ਉਦੇ ਹੋਵੇਂਗਾ ਤਾਂ ਉੱਠਾਂਗੀ, ਉਹਦੇ ਤੋਂ ਘਰ ਵਾਲ਼ਿਆਂ ਨੇ ਕੀ ਆਸ ਰੱਖਣੀ ? 3+1=4



www.a2zpapers.com

www.a2zpapers.com



(87)

5. ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ **ਇੱਕ** ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| (i) | (ii) |
|---|---|
| ਖੁਸ਼ਕ | ਤਾਨਾਸ਼ਾਹੀ |
| ਧੋਖਾ | ਟੁੱਟ-ਭੱਜ |
| ਪਕੌੜਾ | ਚੰਦਨ |
| ਫੱਟੜ | ਛਣਕਾਰ |
| ਨਰਗਿਸ | ਗਿਰਝ |
| ਨਖੱਟੂ | ਜ਼ੁਲਫ਼ |

3

6. ਹੇਠ ਲਿਖੇ ਵਾਕਾਂ ਵਿੱਚੋਂ ਕਿਸੇ **ਤਿੰਨ** ਵਾਕਾਂ ਦਾ ਬ੍ਰੈਕਟ ਵਿੱਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(i) ਕਿਸੇ ਨਾਲ਼ ਕੌੜਾ ਨਾ ਬੋਲੋ । (ਹਾਂ-ਵਾਚਕ-ਵਾਕ)

(ii) ਉਹ ਬਿਮਾਰ ਹੋਣ ਕਰਕੇ ਅੱਜ ਸਕੂਲ ਨਹੀਂ ਆਇਆ । (ਮਿਸ਼ਰਿਤ-ਵਾਕ)

(iii) ਭਾਵੇਂ ਤੁਸੀਂ ਦੌਲਤਮੰਦ ਹੋ ਤਾਂ ਵੀ ਤੁਸੀਂ ਸੁਖੀ ਨਹੀਂ ਹੋ । (ਸੰਜੁਗਤ-ਵਾਕ)

(iv) ਕੋਈ ਸੋਹਣਾ ਜਿਹਾ ਗੀਤ ਸੁਣਾਓ । (ਪ੍ਰਸ਼ਨ-ਵਾਚਕ-ਵਾਕ)

(v) ਕਾਸ਼ ! ਮੈਂ ਡਾਕਟਰ ਹੁੰਦਾ । (ਸਧਾਰਨ-ਵਾਕ)

1×3=3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ **ਚਾਰ** ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਉੱਠੇ ਤਾਂ ਉੱਠ ਨਹੀਂ ਰੇਤੇ ਦੀ ਮੁੱਠ

(ਅ) ਆਪੇ ਫਾਥੜੀਏ ਤੈਨੂੰ ਕੌਣ ਛੁਡਾਏ

(ੲ) ਸੰਗ ਤਾਰੇ-ਕੁਸੰਗ ਡੋਬੇ

(ਸ) ਹਿੰਗ ਲੱਗੇ ਨਾ ਫਟਕੜੀ ਰੰਗ ਚੋਖਾ ਆਵੇ

(ਹ) ਘਰ ਦਾ ਸੜਿਆ ਵਣ ਗਿਆ ਵਣ ਨੂੰ ਲੱਗੀ ਅੱਗ

(ਕ) ਨਵਾਂ ਨੌ ਦਿਨ ਪੁਰਾਣਾ ਸੌ ਦਿਨ 1×4=4

(ਖ) ਘਰ ਦਾ ਜੋਗੀ ਜੋਗੜਾ ਬਾਹਰ ਦਾ ਜੋਗੀ ਸਿੱਧ ।

8. ਕਿਸੇ **ਇਕ** ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਵਗਦੇ ਪਾਣੀ (ਡਾ. ਦੀਵਾਨ ਸਿੰਘ ਕਾਲੇਪਾਣੀ)

(ਅ) ਤਾਜ ਮਹਲ (ਪ੍ਰੋ. ਮੋਹਨ ਸਿੰਘ) 4

(ੲ) ਗੀਤ (ਸ਼ਿਵ ਕੁਮਾਰ ਬਟਾਲਵੀ)

9. ਕਿਸੇ **ਇੱਕ** ਕਹਾਣੀ ਦਾ ਸਾਰ ਲਿਖੋ :

(ੳ) ਨੀਲੀ (ਕਰਤਾਰ ਸਿੰਘ ਦੁੱਗਲ) 7

(ਅ) ਮਾੜਾ ਬੰਦਾ (ਪ੍ਰੇਮ ਪ੍ਰਕਾਸ਼)



www.a2zpapers.com